9122024-Ferozpur-08.qxd 12/8/2024 10:12 PM Page 2

ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਤੋਂ ਗੁਰਬਾਣੀ ਕੀਰਤਨ

ਰੇਡੀਓ

ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਕੀਰਤਨ ਵਿਚ **9 ਦਸੰਬਰ** ਨੂੰ ਸ਼ਾਮ 4.00 ਤੋਂ 6.00 ਵਜੇ ਤੱਕ **ਭਾਈ ਸ਼ੌਕੀਨ ਸਿੰਘ** ਅਤੇ **10 ਦਸੰਬਰ** ਨੂੰ ਸਵੇਰੇ 4.00 ਤੋਂ 6.00 ਵਜੇ ਤੱਕ **ਭਾਈ ਦਵਿੰਦਰ ਸਿੰਘ** 'ਆਸਾ ਦੀ ਵਾਰ' ਦਾ ਕੀਰਤਨ ਕਰਨਗੇ।

ਪੀ. ਟੀ. ਸੀ.

ਪੀ. ਟੀ. ਸੀ. ਪੰਜਾਬੀ ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਪ੍ਰੋਗਰਾਮ ਵਿਚ 9 **ਦਸੰਬਰ** ਨੂੰ ਸ਼ਾਮ 4.30 ਤੋਂ 6.30 ਵਜੇ ਤੱਕ **ਭਾਈ ਸ਼ੌਕੀਨ ਸਿੰਘ** ਕੀਰਤਨ, ਪਾਠ 'ਰਹਿਰਾਸ ਸਾਹਿਬ' ਉਪਰੰਤ 'ਆਰਤੀ' **ਭਾਈ ਸਾਹਿਬ ਸਿੰਘ** ਤੇ **10 ਦਸੰਬਰ** ਨੂੰ ਸਵੇਰੇ 4.00 ਵਜੇ ਤੋਂ 7.45 ਵਜੇ ਤੱਕ **ਭਾਈ ਦਵਿੰਦਰ ਸਿੰਘ** ਅਤੇ **ਭਾਈ ਗੁਰਸੇਵਕ ਸਿੰਘ** ਕੀਰਤਨ ਕਰਨਗੇ।

ਐਸ. ਜੀ. ਪੀ. ਸੀ. ਵੈੱਬ ਚੈਨਲ 'ਤੇ ਸਵੇਰੇ 4.00 ਵਜੇ ਤੋਂ 8.30 ਵਜੇ ਤੱਕ, ਦੁਪਹਿਰ 12.30 ਵਜੇ ਤੋਂ 2.20 ਵਜੇ ਤੱਕ ਅਤੇ ਸ਼ਾਮ 5.30 ਵਜੇ ਤੋਂ 7.30 ਵਜੇ ਤੱਕ ਸਿੱਧਾ ਪ੍ਰਸਾਰਨ ਹੁੰਦਾ ਹੈ। ਐਸ. ਜੀ. ਪੀ. ਸੀ. ਦੇ ਮੋਬਾਈਲ ਐਪ ਤੋਂ ਅੰਮ੍ਰਿਤ ਵੇਲੇ ਤੋਂ ਸੁਖ ਆਸਨ ਤੱਕ ਦਾ ਪੂਰਾ ਸਮਾਗਮ ਸੁਣਿਆ ਜਾ ਸਕਦਾ ਹੈ।

ਮੁੱਖ ਵਾਕ ਦੀ ਕਥਾ : 9 ਦਸੰਬਰ ਨੂੰ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜਥੇਦਾਰ ਤਖ਼ਤ ਸ੍ਰੀ ਦਮਦਮਾ ਸਾਹਿਬ ਤੇ 10 ਦਸੰਬਰ ਨੂੰ ਗਿਆਨੀ ਗੁਰਲਾਲ ਸਿੰਘ ਮੀਰਾਂਕੋਟ, ਗੁ: ਮੰਜੀ ਸਾਹਿਬ ਦੀਵਾਨ ਹਾਲ, ਸ੍ਰੀ ਹਰਿਮੰਦਰ ਸਾਹਿਬ ਸਮੂਹ ਵਿਖੇ ਸਵੇਰੇ 7.45 ਵਜੇ ਤੋਂ 8.30 ਵਜੇ ਤੱਕ ਮੁੱਖ ਵਾਕ ਦੀ ਕਥਾ ਕਰਨਗੇ।

ਸਕੂਲ ਬਹਾਦਰ ਖੇੜਾ ਦੇ ਜੇਤੂ ਵਿਦਿਆਰਥੀ ਸਮੂਹ ਖੇਡਾਂ ਦੇ ਸਟਾਫ਼ ਨਾਲ। ਅਜੀਤ ਤਸਵੀਰ

ਰਾਜ ਪੱਧਰੀ ਖੇਡਾਂ 'ਚ ਬਹਾਦਰ ਖੇੜਾ ਸਕੂਲ ਨੇ ਕੀਤਾ ਦੂਜਾ ਸਥਾਨ ਹਾਸਿਲ

ਬੱਲੂਆਣਾ, 8 ਦਸੰਬਰ (ਜਸਮੇਲ ਸਿੰਘ ਢਿੱਲੋਂ)-ਪੰਜਾਬ ਸਕੂਲ ਸਿੱਖਿਆ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਕਰਵਾਈਆਂ ਗਈਆਂ 68ਵੀਆਂ ਰਾਜ ਪੱਧਰੀ ਖੇਡਾਂ ਵਿਚ ਬਹਾਦਰ ਖੇੜਾ ਸਕੂਲ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਦੂਜਾ ਸਥਾਨ ਹਾਸਿਲ ਕੀਤਾ ਹੈ। ਸਰਕਲ ਸਟਾਈਲ ਕਬੱਡੀ ਦਾ ਮੁਕਾਬਲਾ ਜ਼ਿਲ੍ਹਾ ਫ਼ਾਜ਼ਿਲਕਾ ਵਿਖੇ ਹੋਇਆ। ਸਰਕਲ ਸਟਾਈਲ ਕਬੱਡੀ ਵਿਚ ਬਹਾਦਰ ਖੇੜਾ ਸਕੂਲ ਦੀ ਟੀਮ ਨੇ ਰਾਜ ਪੱਧਰ 'ਤੇ ਦੂਜਾ ਸਥਾਨ ਹਾਸਿਲ ਕੀਤਾ ਹੈ। ਸਕੂਲ ਦੇ ਮੁੱਖ ਅਧਿਆਪਕਾ ਜਿਓਤੀ ਬਤਰਾ ਨੇ ਸਕੂਲ ਦੇ ਸਮੂਹ ਖਿਡਾਰੀਆਂ, ਅਧਿਆਪਕਾਂ ਨੂੰ ਮੁਬਾਰਕਬਾਦ ਦਿੱਤੀ ਹੈ।

ਚੋਣਾਂ ਦਾ ਐਲਾਨ ਹੁੰਦਿਆਂ ਹੀ ਵੱਖ-ਵੱਖ ਸਿਆਸੀ ਪਾਰਟੀਆਂ 'ਚ ਹਲਚਲ ਸ਼ੁਰੂ

ਮੀਟਿੰਗਾਂ ਦਾ ਸਿਲਸਿਲਾ ਜਾਰੀ

ਮਖੂ, 8 ਦਸੰਬਰ (ਵਰਿੰਦਰ ਮਨਚੰਦਾ)-ਪੰਜਾਬ ਵਿਚ ਨਗਰ ਨਿਗਮ ਤੇ ਕੌਂਸਲ ਦੀਆਂ ਚੋਣਾਂ ਦਾ ਐਲਾਨ ਹੁੰਦਿਆਂ ਹੀ ਮਖੂ ਅੰਦਰ ਵੱਖ-ਵੱਖ ਸਿਆਸੀ ਪਾਰਟੀਆਂ 'ਚ ਹਲਚਲ ਹੋਣੀ ਸ਼ੁਰੂ ਹੋ ਗਈ ਹੈ, ਜਿਸ ਦੇ ਚਲਦਿਆਂ ਆਮ ਆਦਮੀ ਪਾਰਟੀ, ਸ਼੍ਰੋਮਣੀ ਅਕਾਲੀ ਦਲ, ਕਾਂਗਰਸ, ਭਾਰਤੀ ਜਨਤਾ ਪਾਰਟੀ ਦੇ ਆਗੂਆਂ ਵਲੋਂ ਚੋਣਾਂ 'ਚ ਜਿੱਤ ਹਾਸਿਲ ਕਰਨ ਲਈ ਵਰਕਰਾਂ ਨਾਲ ਮੀਟਿੰਗਾਂ ਦਾ ਦੌਰ ਸ਼ੁਰੂ ਕਰ ਦਿੱਤਾ ਹੈ। ਆਉਣ ਵਾਲੇ ਇਕ-ਦੋ ਦਿਨਾਂ 'ਚ ਸਾਰੀਆਂ ਪਾਰਟੀਆਂ ਆਪੋ-ਆਪਣੇ ਉਮੀਦਵਾਰਾਂ ਦਾ ਐਲਾਨ ਕਰ ਦੇਣਗੀਆਂ, ਜਿਸ ਬਾਅਦ ਚੋਣਾਂ ਦਾ ਮਾਹੌਲ ਪੂਰੀ ਤਰ੍ਹਾਂ ਭਖ ਜਾਵੇਗਾ। ਚੋਣਾਂ 'ਚ ਜਿੱਤ ਹਾਸਿਲ ਕਰਨ ਲਈ ਪਾਰਟੀ ਦੇ ਨੁਮਾਇੰਦਿਆਂ ਵਲੋਂ ਆਪੋ-ਆਪਣੇ ਉਮੀਦਵਾਰ ਖੜੇ ਕਰਨ ਲਈ ਵਰਕਰਾਂ ਨਾਲ ਮੀਟਿੰਗਾਂ ਸ਼ੁਰੂ ਕਰ ਦਿੱਤੀਆਂ ਹਨ। ਇੱਥੇ ਦੱਸਣਯੋਗ ਹੈ ਕਿ ਇਸ ਤੋਂ ਪਹਿਲਾਂ ਸਰਕਾਰ ਵਾਰਡ ਵੰਡ ਦਾ ਕੰਮ ਮੁਕੰਮਲ ਕਰਕੇ ਮਾਰਚ ਵਿਚ ਇਹ ਚੋਣਾਂ ਕਰਵਾਉਣਾ ਚਾਹੁੰਦੀ ਸੀ। ਚੋਣ ਕਮਿਸ਼ਨ ਵਲੋਂ ਜਾਰੀ ਨੋਟੀਫ਼ਿਕੇਸ਼ਨ ਅਨੁਸਾਰ 5 ਨਗਰ ਨਿਗਮਾਂ ਅੰਮ੍ਰਿਤਸਰ, ਜਲੰਧਰ, ਲੁਧਿਆਣਾ, ਪਟਿਆਲਾ ਤੇ ਫਗਵਾੜਾ ਤੋਂ ਇਲਾਵਾ 44 ਨਗਰ ਕੌਂਸਲਾਂ ਤੇ ਪੰਚਾਇਤਾਂ ਲਈ ਚੋਣਾਂ ਕਰਵਾਈਆਂ ਜਾਣਗੀਆਂ ਅਤੇ 9 ਦਸੰਬਰ ਤੋਂ ਨਾਮਜ਼ਦਗੀਆਂ ਭਰਨ ਦੀ ਪ੍ਰਕਿਰਿਆ ਸ਼ੁਰੂ ਹੋਵੇਗੀ।

ਸੁਖਬੀਰ ਸਿੰਘ ਬਾਦਲ 'ਤੇ ਹਮਲਾ, ਡੂੰਘੀ ਸਾਜਿਸ਼ ਦਾ ਹਿੱਸਾ-ਵਿਰਕ

ਦਿਲਬਾਗ ਸਿੰਘ ਵਿਰਕ ਜਨਰਲ ਸਕੱਤਰ ਸਿੱਖ ਸਟੂਡੈਂਟਸ ਫੈੱਡਰੇਸ਼ਨ ਗਰੇਵਾਲ।

ਫ਼ਿਰੋਜ਼ਪੁਰ, 8 ਦਸੰਬਰ (ਸੁਖਵਿੰਦਰ ਸਿੰਘ)-ਸੁਖਬੀਰ ਸਿੰਘ ਬਾਦਲ 'ਤੇ ਹੋਏ ਜਾਨ ਲੇਵਾ ਹਮਲੇ ਦੀ ਹਾਈਕੋਰਟ ਦੇ ਸੀਟਿੰਗ ਜੱਜ ਤੋਂ ਜਾਂਚ ਹੋਣੀ ਚਾਹੀਦੀ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਬੇਬਾਕ ਗਰੇਵਾਲ ਨੇ ਕਿਹਾ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਵਉਚਤਾ ਅਤੇ ਸ਼੍ਰੋਮਣੀ ਅਕਾਲੀ ਦਲ ਦੀ ਚੜ੍ਹਦੀਕਲਾ ਸਿੱਖ ਵਿਰੋਧੀ ਤਾਕਤਾਂ ਕੋਲੋਂ ਬਰਦਾਸ਼ਤ ਨਹੀਂ ਹੋ ਰਹੀ। ਜਿਸ ਕਰਕੇ ਅਜਿਹੇ ਹਮਲੇ ਕਰਕੇ ਸ਼੍ਰੋਮਣੀ ਅਕਾਲੀ ਦਲ ਨੂੰ ਲੀਡਰ ਲੈੱਸ ਕਰਨ ਦੇ ਕੋਝੇ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸੁਖਬੀਰ ਸਿੰਘ ਬਾਦਲ ਨੂੰ ਨਿਸ਼ਾਨਾ ਬਣਾਉਣ ਦੀ ਮੌਕੇ 'ਤੇ ਪਹੁੰਚ ਕੇ ਕੋਈ ਵੀ ਸਾਰ ਨਾ ਲੈਣ ਦੀ ਮਨਸ਼ਾ 'ਤੇ ਵੀ ਸਵਾਲ ਖੜ੍ਹੇ ਹੋ ਰਹੇ ਹਨ, ਜੋ ਸਿੱਖ ਸੰਗਤਾਂ ਸਰਕਾਰ ਦੀ ਘਟੀਆ ਕਾਰਗੁਜ਼ਾਰੀ ਦਾ ਹਿਸਾਬ ਜ਼ਰੂਰ ਮੰਗਣਗੀਆਂ।

ਫ਼ਾਜ਼ਿਲਕਾ ਦੇ ਵਿਧਾਇਕ ਨਰਿੰਦਰ ਪਾਲ ਸਿੰਘ ਸਵਨਾ ਪਿੰਡ ਬਾਂਡੀਵਾਲਾ ਦੇ ਸਰਪੰਚ ਰਵਿੰਦਰ ਕੰਬੋਜ ਉਰਫ਼ ਬਿੱਟੂ ਅਤੇ ਉਸ ਦੇ ਸਾਥੀਆਂ ਨੂੰ ਪਾਰਟੀ 'ਚ ਸ਼ਾਮਿਲ ਕਰਵਾਉਂਦੇ ਹੋਏ। ਅਜੀਤ ਤਸਵੀਰ

ਕਾਂਗਰਸੀ ਸਰਪੰਚ ਨੇ ਸਾਥੀਆਂ ਸਮੇਤ ਫੜਿਆ ਆਮ ਆਦਮੀ ਪਾਰਟੀ ਦਾ ਪੱਲਾ

ਵਿਧਾਇਕ ਸਵਨਾ ਦੀ ਹਾਜ਼ਰੀ 'ਚ ਪਾਰਟੀ 'ਚ ਕੀਤੀ ਸ਼ਮੂਲੀਅਤ

ਫ਼ਾਜ਼ਿਲਕਾ, 8 ਦਸੰਬਰ (ਦਵਿੰਦਰ ਪਾਲ ਸਿੰਘ)-ਫ਼ਾਜ਼ਿਲਕਾ ਹਲਕੇ ਅੰਦਰ ਕਾਂਗਰਸ ਪਾਰਟੀ ਨਾਲ ਜੁੜੇ ਪਿੰਡ ਬਾਂਡੀਵਾਲਾ ਦੇ ਸਰਪੰਚ ਰਵਿੰਦਰ ਕੰਬੋਜ ਉਰਫ਼ ਬਿੱਟੂ ਆਪਣੇ ਸਾਥੀਆਂ ਸਮੇਤ ਆਮ ਆਦਮੀ ਪਾਰਟੀ ਵਿਚ ਸ਼ਾਮਿਲ ਹੋ ਗਏ। ਰਵਿੰਦਰ ਕੰਬੋਜ ਬਿੱਟੂ ਪਿਛਲੀ ਕਾਂਗਰਸ ਸਰਕਾਰ ਸਮੇਂ ਸਾਬਕਾ ਵਿਧਾਇਕ ਦਵਿੰਦਰ ਸਿੰਘ ਘੁਬਾਇਆ ਵਲ਼ੋਂ ਮਾਰਕੀਟ ਕਮੇਟੀ ਫ਼ਾਜ਼ਿਲਕਾ ਦੇ ਵਾਈਸ ਚੇਅਰਮੈਨ ਵੀ ਬਣਾਏ ਗਏ ਸਨ। ਸਥਾਨਕ ਵਿਧਾਇਕ ਨਰਿੰਦਰ ਪਾਲ ਸਿੰਘ ਸਵਨਾ ਨੇ ਸਰਪੰਚ ਬਿੱਟੂ, ਸਾਬਕਾ ਸਰਪੰਚ ਗੁਰਜੀਤ ਸਿੰਘ, ਪੰਚਾਇਤ ਮੈਂਬਰਾਂ ਅਤੇ ਹੋਰਨਾਂ ਪਿੰਡ ਵਾਸੀਆਂ ਦਾ ਪਾਰਟੀ ਵਿਚ ਸ਼ਾਮਿਲ ਹੋਣ 'ਤੇ ਸੁਆਗਤ ਕੀਤਾ। ਇਸ ਮੌਕੇ ਸ੍ਰੀ ਸਵਨਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਵਿਚ ਸ਼ਾਮਿਲ ਹੋਣ ਵਾਲੇ ਵਰਕਰਾਂ ਦਾ ਪੂਰਾ ਮਾਣ ਸਨਮਾਨ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਲੋਕ ਸਰਕਾਰ ਦੀ ਚੰਗੀ ਕਾਰਗੁਜ਼ਾਰੀ ਨੂੰ ਦੇਖ ਕੇ ਦੂਜੀਆਂ ਸਿਆਸੀ ਪਾਰਟੀਆਂ ਛੱਡ ਕੇ ਆਮ ਆਦਮੀ ਪਾਰਟੀ ਵਿਚ ਸ਼ਾਮਿਲ ਹੋ ਰਹੇ ਹਨ। ਉਨ੍ਹਾ ਕਿਹਾ ਕਿ ਆਉਂਦੇ ਦਿਨਾਂ 'ਚ ਹਲਕੇ ਦੇ ਵਿਕਾਸ ਲਈ ਕੰਮ ਤੇਜੀ ਨਾਲ ਸ਼ੁਰੂ ਕੀਤੇ ਜਾਣਗੇ।

ਨੰਬਰਦਾਰ ਯੂਨੀਅਨ ਦੀ ਮੀਟਿੰਗ ਮੌਕੇ ਪ੍ਰੈੱਸ ਨਾਲ ਗੱਲਬਾਤ ਕਰਦੇ ਹੋਏ ਤਹਿਸੀਲ ਪ੍ਰਧਾਨ ਸਰਦੂਲ ਸਿੰਘ ਗਿੱਲ ਮਰਖਾਈ ਅਤੇ ਹੋਰ। ਤਸਵੀਰ-ਹਰਜੀਤ ਸਿੰਘ ਗਿੱਲ

ਨੰਬਰਦਾਰ ਯੂਨੀਅਨ (ਰਜਿ.) ਦੀ ਮੀਟਿੰਗ ਹੋਈ

ਜ਼ੀਰਾ, 8 ਦਸੰਬਰ (ਹਰਜੀਤ ਸਿੰਘ ਗਿੱਲ)-ਨੰਬਰਦਾਰ ਯੂਨੀਅਨ (ਰਜਿ.) ਤਹਿਸੀਲ ਜ਼ੀਰਾ ਦੀ ਮੀਟਿੰਗ ਤਹਿਸੀਲ ਪ੍ਰਧਾਨ ਸਰਦੂਲ ਸਿੰਘ ਗਿੱਲ ਮਰਖਾਈ ਦੀ ਅਗਵਾਈ ਹੇਠ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਜ਼ੀਰਾ ਵਿਖੇ ਹੋਈ। ਇਸ ਦੌਰਾਨ ਵੱਡੀ ਗਿਣਤੀ 'ਚ ਇਲਾਕੇ ਦੇ ਨੰਬਰਦਾਰਾਂ ਨੇ ਸ਼ਮੂਲੀਅਤ ਕੀਤੀ, ਜਿਸ 'ਚ ਨੰਬਰਦਾਰਾਂ ਦੇ ਵੱਖ-ਵੱਖ ਮੁੱਦਿਆਂ 'ਤੇ ਵਿਚਾਰ ਚਰਚਾ ਕੀਤੀ ਗਈ। ਇਸ ਦੌਰਾਨ ਨੰਬਰਦਾਰਾਂ ਵਲੋਂ ਖਾਦ ਦੀ ਆ ਰਹੀ ਕਮੀ ਸੰਬੰਧੀ ਚਿੰਤਾ ਪ੍ਰਗਟ ਕਰਦਿਆਂ ਆਗੂਆਂ ਨੇ ਕਿਹਾ ਕਿ ਕਿਸਾਨਾਂ ਨੂੰ ਆ ਰਹੀ ਖਾਦ ਦੀ ਕਮੀ ਦਾ ਸਰਕਾਰ ਵਲੋਂ ਤੁਰੰਤ ਹੱਲ ਕੀਤਾ ਜਾਵੇ। ਪ੍ਰਧਾਨ ਸਰਦੂਲ ਸਿੰਘ ਗਿੱਲ ਨੇ ਕਿਹਾ ਕਿ ਐਸ.ਡੀ.ਐਮ. ਜ਼ੀਰਾ ਵਲੋਂ ਨੰਬਰਦਾਰਾਂ ਦੀ ਲੰਬੇ ਸਮੇਂ ਤੋਂ ਕੀਤੀ ਜਾ ਰਹੀ ਮੰਗ ਨੂੰ ਦੇਖਦਿਆਂ ਜ਼ੀਰਾ ਕਚਹਿਰੀ ਵਿਖੇ ਕਮਰੇ ਦੀ ਵਿਵਸਥਾ ਕੀਤੀ ਗਈ ਹੈ, ਜਿਸ ਕਰਕੇ ਨੰਬਰਦਾਰ ਐਸ.ਡੀ.ਐਮ. ਜ਼ੀਰਾ ਦੇ ਧੰਨਵਾਦੀ ਹਨ। ਪ੍ਰਧਾਨ ਸਰਦੂਲ ਸਿੰਘ ਗਿੱਲ ਨੇ ਕਿਹਾ ਕਿ ਆਮਦਨੀ ਸਰਟੀਫਿਕੇਟ, ਜਾਤੀ ਸਰਟੀਫਿਕੇਟ, ਬੁਢਾਪਾ ਪੈਨਸ਼ਨ, ਰਿਹਾਇਸ਼ ਸਰਟੀਫਿਕੇਟ ਅਤੇ ਈ.ਡਬਲਯੂ.ਐਸ. ਸਰਟੀਫਿਕੇਟ ਆਦਿ ਹੋਰਨਾਂ ਕੰਮਾਂ ਲਈ ਵੀ ਨੰਬਰਦਾਰਾਂ ਦੀਆਂ ਵੀ ਡੀ.ਸੀ. ਦਫ਼ਤਰ ਫ਼ਿਰੋਜ਼ਪੁਰ ਵਿਖੇ ਆਨਲਾਈਨ ਆਈਡੀਆ ਬਣਾਈਆਂ ਜਾ ਰਹੀਆਂ ਹਨ। ਉਨ੍ਹਾਂ ਡੀ.ਸੀ. ਫ਼ਿਰੋਜ਼ਪੁਰ ਵਿਖੇ ਪਹੁੰਚ ਕੇ ਸਮੂਹ ਨੰਬਰਦਾਰਾਂ ਨੂੰ ਇਹ ਆਨਲਾਈਨ ਆਈਡੀਆ ਬਣਵਾਉਣ ਦੀ ਅਪੀਲ ਕੀਤੀ ਤਾਂ ਜੋ ਆਪਣੇ ਕੰਮਾਂ ਲਈ ਕੰਮਾਂ ਲਈ ਨੰਬਰਦਾਰਾਂ ਕੋਲ ਆਉਣ ਮੌਕੇ ਲੋਕਾਂ ਨੂੰ ਕਿਸੇ ਕਿਸਮ ਦੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ। ਇਸ ਮੌਕੇ ਲਖਵਿੰਦਰ ਸਿੰਘ ਸੁੱਖੇਵਾਲਾ, ਜਸ਼ਨਪ੍ਰੀਤ ਸਿੰਘ ਬੋਤੀਆਂ ਵਾਲਾ, ਅੰਗਰੇਜ਼ ਸਿੰਘ ਹੋਲਾਂਵਾਲੀ, ਕੁਲਵਿੰਦਰ ਸਿੰਘ ਭੜਾਣਾ, ਗੁਰਸੇਵਕ ਸਿੰਘ ਮਹੀਆਂ ਵਾਲਾ, ਅਜੈਬ ਸਿੰਘ ਮਹੀਆਂ ਵਾਲਾ, ਭਜਨ ਸਿੰਘ ਮਨਸੂਰਵਾਲ, ਚਮਕੌਰ ਸਿੰਘ, ਸੁਖਦੇਵ ਸਿੰਘ ਮੱਲੋਕੇ, ਮਲਕੀਤ ਸਿੰਘ ਨੀਲੇਵਾਲਾ, ਸੇਵਕ ਸਿੰਘ ਬੋਤੀਆਂ ਵਾਲਾ, ਸੁੱਚਾ ਸਿੰਘ ਰੋਡੇ ਜੱਲੇ ਵਾਲਾ, ਜਸਵੀਰ ਸਿੰਘ ਲੋਹੁਕੇ ਕਲਾਂ, ਸਰਬਜੀਤ ਸਿੰਘ ਕੱਸੋਆਣਾ ਅਤੇ ਬਲਵਿੰਦਰ ਸਿੰਘ ਮਹੀਆਂ ਵਾਲਾ ਆਦਿ ਹਾਜ਼ਰ ਸਨ।

ਟੂਰ ਦੌਰਾਨ ਧਾਰਮਿਕ ਸਥਾਨ 'ਤੇ ਪਹੁੰਚੇ ਵਿਵੇਕਾਨੰਦ ਵਰਲਕ ਸਕੂਲ ਦੇ ਵਿਦਿਆਰਥੀ ਅਤੇ ਸਟਾਫ਼। ਅਜੀਤ ਤਸਵੀਰ

ਵਿਵੇਕਾਨੰਦ ਵਰਲਡ ਸਕੂਲ ਦੇ ਵਿਦਿਆਰਥੀਆਂ ਲਈ ਕਰਵਾਇਆ ਵਿੱਦਿਅਕ ਦੌਰਾ

ਫ਼ਿਰੋਜ਼ਪੁਰ, 8 ਦਸੰਬਰ (ਲਖਵਿੰਦਰ ਸਿੰਘ)-ਵਿਦਿਆਰਥੀਆਂ ਦੇ ਇਤਿਹਾਸਕ ਵਿਕਾਸ ਅਤੇ ਸੱਭਿਆਚਾਰਕ ਜਾਣਕਾਰੀ 'ਚ ਵਾਧੇ ਦੇ ਉਦੇਸ਼ ਨਾਲ ਵਿਵੇਕਾਨੰਦ ਵਰਲਡ ਸਕੂਲ ਨੇ ਛੇਵੀਂ ਤੋਂ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਲਈ ਅੰਮ੍ਰਿਤਸਰ ਦਾ ਸਿੱਖਿਅਕ ਅਤੇ ਸੱਭਿਆਚਾਰਕ ਟੂਰ ਕਰਵਾਇਆ ਗਿਆ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਸਕੂਲ ਦੇ ਡਾਇਰੈਕਟਰ ਡਾ. ਐੱਸ.ਐਨ. ਰੁਦਰਾ ਨੇ ਦੱਸਿਆ ਕਿ ਇਹ ਅਨੁਭਵ ਵਿਦਿਆਰਥੀਆਂ ਲਈ ਸਰਵਪੱਖੀ ਅਤੇ ਸੱਭਿਆਚਾਰਕ ਮਹੱਤਵ ਨੂੰ ਸਮਝਣ ਦਾ ਇਕ ਵਿਲੱਖਣ ਮੌਕਾ ਸੀ। ਬੱਸਾਂ ਨੂੰ ਪ੍ਰਿੰਸੀਪਲ ਤਜਿੰਦਰ ਪਾਲ ਕੌਰ ਵਲੋਂ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਇਹ ਟੂਰ ਪਹਿਲਾਂ ਗੁਰਦੁਆਰਾ ਸ਼ਹੀਦ ਬਾਬਾ ਦੀਪ ਸਿੰਘ ਵਿਖੇ ਪਹੁੰਚਿਆ, ਜਿੱਥੇ ਵਿਦਿਆਰਥੀਆਂ ਨੇ ਸਿੱਖ ਧਰਮ ਦੇ ਮਹਾਨ ਯੋਧੇ ਬਾਬਾ ਦੀਪ ਸਿੰਘ ਜੀ ਦੇ ਬਲੀਦਾਨ ਦੀ ਕਹਾਣੀ ਸੁਣੀ ਅਤੇ ਗੁਰਦੁਆਰਾ ਸਾਹਿਬ ਵਿਖੇ ਮੱਥਾ ਟੇਕਿਆ। ਇਸ ਦੇ ਬਾਅਦ ਵਿਦਿਆਰਥੀਆਂ ਨੇ ਪੰਜਾਬੀ ਲੋਕ ਸੰਗੀਤ, ਨਾਚ ਅਤੇ ਪਿੰਡ ਦੇ ਜੀਵਨ ਦਾ ਅਨੁਭਵ ਕੀਤਾ। ਉਨ੍ਹਾਂ ਨੇ ਰਵਾਇਤੀ ਪਕਵਾਨਾਂ ਦਾ ਸੁਆਦ ਚੱਖਿਆ ਅਤੇ ਪੰਜਾਬੀ ਸੱਭਿਆਚਾਰ ਨੂੰ ਨੇੜੇ ਤੋਂ ਜਾਣਿਆ। ਇਸ ਦੌਰਾਨ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਆਪਸੀ ਸੰਵਾਦ ਕੀਤਾ ਅਤੇ ਆਪਣੇ ਅਨੁਭਵ ਸਾਂਝੇ ਕੀਤੇ। ਯਾਤਰਾ ਦੌਰਾਨ ਅਧਿਆਪਕ ਸਪਨ ਵਤਸ ਪੀ.ਆਰ.ਓ., ਦਰਸ਼ਨ ਸਿੱਧੂ ਖੇਡ ਕੋਆਰਡੀਨੇਟਰ, ਅਮਨਦੀਪ ਭੁੱਲਰ ਅਕਾਦਮਿਕ ਕੋਆਰਡੀਨੇਟਰ ਅਤੇ ਹੋਰ ਸਟਾਫ਼ ਦੇ ਮੈਂਬਰ ਰੁਸਤਮ ਪ੍ਰੀਤ ਸਿੰਘ, ਜੀਨੀਆ, ਮੇਘਾ, ਦੀਪਾ ਅਤੇ ਖ਼ੁਸ਼ਬੂ ਨੇ ਵਿਦਿਆਰਥੀਆਂ ਦਾ ਮਾਰਗ ਦਰਸ਼ਨ ਕੀਤਾ।

ਮਰਹੂਮ ਕਾਮਰੇਡ ਭਗਵਾਨ ਦਾਸ ਬਹਾਦਰ ਕੇ ਨੂੰ ਸ਼ਰਧਾਂਜਲੀ ਦੇ ਕੇ ਸਮਾਗਮ ਦੀ ਸ਼ੁਰੂਆਤ ਕਰਦੇ ਹੋਏ ਆਗੂ। ਤਸਵੀਰਾਂ-ਸੁਰਿੰਦਰ ਸਿੰਘ ਪੁਪਨੇਜਾ

ਕਾਮਰੇਡ ਭਗਵਾਨ ਦਾਸ ਬਹਾਦਰ ਕੇ ਦੀ ਬਰਸੀ 'ਤੇ ਆਗੂਆਂ ਵਲੋਂ ਸ਼ਰਧਾਂਜਲੀਆਂ ਭੇਟ

ਗੋਲੂ ਕਾ ਮੋੜ, 8 ਦਸੰਬਰ (ਸੁਰਿੰਦਰ ਸਿੰਘ ਪੁਪਨੇਜਾ)-ਸ਼ਹੀਦ ਊਧਮ ਸਿੰਘ ਪਾਰਕ ਗੋਲੂ ਕਾ ਮੋੜ ਵਿਖੇ ਭਾਰਤੀ ਕਮਨਿਸਟ ਪਾਰਟੀ, ਸਰਬ ਭਾਰਤ ਨੌਜਵਾਨ ਸਭਾ, ਆਲ ਇੰਡੀਆ ਸਟੂਡੈਂਟ ਫੈਡਰੇਸ਼ਨ ਵਲੋਂ ਮਰਹੂਮ ਕਾਮਰੇਡ ਭਗਵਾਨ ਦਾਸ ਬਹਾਦਰ ਕੇ ਦੀ ਪਹਿਲੀ ਬਰਸੀ ਮੌਕੇ ਸ਼ਰਧਾਂਜਲੀ ਸਮਾਗਮ ਕਰਵਾਇਆ ਗਿਆ, ਜਿਸ ਵਿਚ ਇਲਾਕੇ ਭਰ ਦੇ ਵੱਖ-ਵੱਖ ਪਿੰਡਾਂ ਤੋਂ ਨੌਜਵਾਨਾਂ, ਵਿਦਿਆਰਥੀਆਂ, ਪਾਰਟੀ ਵਰਕਰਾਂ ਅਤੇ ਕਾਮਰੇਡ ਆਗੂਆਂ ਨੇ ਸ਼ਮੂਲੀਅਤ ਕੀਤੀ। ਇਸ ਸ਼ਰਧਾਂਜਲੀ ਸਮਾਗਮ ਵਿਚ ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਫ਼ਾਜ਼ਿਲਕਾ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਹੰਸ ਰਾਜ ਗੋਲਡਨ ਅਤੇ ਸਰਬ